## ਦਫਤਰ ਡਾਇਰੈਕਟੋਰੇਟ ਆਫ ਸਕੂਲ ਐਜੂਕੇਸ਼ਨ(ਸੈਕੰਡਰੀ), ਪੰਜਾਬ

ਮੀਮੋ ਨੰ. Transfer Cell/2025/485237/2243 ਮਿਤੀ: 13.10.2025

### ਜਨਤਕ ਸੂਚਨਾਂ

1.0 ਪੰਜਾਬ ਸਰਕਾਰ, ਸਿੱਖਿਆ ਵਿਭਾਗ ਦੇ ਪੱਤਰ ਨੰ: 11/35/2018-1edu6/1508658, ਮਿਤੀ 25.06.2019 ਰਾਹੀਂ ਅਧਿਆਪਕਾਂ ਦੀਆਂ ਬਦਲੀਆਂ ਸਬੰਧੀ Teacher Transfer Policy 2019 ਜਾਰੀ ਕੀਤੀ ਗਈ ਹੈ ਅਤੇ ਉਸ ਉਪਰੰਤ ਪਾਲਿਸੀ ਵਿੱਚ ਸਮੇਂ ਸਮੇਂ ਤੇ ਸੋਧਾਂ ਜਾਰੀ ਕੀਤੀਆਂ ਗਈਆਂ ਹਨ। ਇਸ ਤੋਂ ਇਲਾਵਾ Punjab ICT Education Society (PICTES) ਅਧੀਨ ਕੰਮ ਕਰ ਰਹੇ ਕੰਪਿਊਟਰ ਫੈਕਲਟੀ ਲਈ ਤਬਾਦਲਾ ਨੀਤੀ ਮੀਮੋ ਨੰ: 5/3-ICT-2019/Trans/303800 ਮਿਤੀ 13.09.2019 ਅਤੇ ਨਾਨ ਟੀਚਿੰਗ ਸਟਾਫ ਲਈ ਤਬਦਾਲਾ ਨੀਤੀ ਮੀਮੋ ਨੰ: 2/14/2020-2edu3/2020487/1 ਮਿਤੀ 27.05.2020 ਜਾਰੀ ਕੀਤੀ ਗਈ ਹੈ।

2.0 ਸਿੱਖਿਆ ਵਿਭਾਗ ਵਲੋਂ ਜਾਰੀ ਅਧਿਸੂਚਨਾਂ SED-EDU6021/2/2023-1ਸਿ6/30 ਮਿਤੀ 26.02.2024 ਰਾਹੀਂ Exempted Category ਅਧੀਨ ਕਵਰ ਹੋਣ ਵਾਲੇ ਅਧਿਆਪਕ/ਕੰਪਿਊਟਰ ਫੈਕਲਟੀ/ ਨਾਨ ਟੀਚਿੰਗ ਕਾਡਰ ਸਟਾਫ ਨੂੰ ਬਦਲੀ ਲਈ ਮੌਕਾ ਦਿੱਤਾ ਜਾਂਦਾ ਹੈ। ਜੋ ਅਧਿਆਪਕ/ਕੰਪਿਊਟਰ ਫੈਕਲਟੀ/ ਨਾਨ ਟੀਚਿੰਗ ਕਾਡਰ ਸਟਾਫ ਪਾਲਿਸੀ ਅਨੁਸਾਰ Exempted Category ਅਧੀਨ ਕਵਰ ਹੁੰਦੇ ਹਨ ਅਤੇ ਬਦਲੀ ਕਰਵਾਉਣਾ ਚਾਹੁੰਦੇ ਹਨ ਉਹ ਆਪਣੇ ਵੇਰਵੇ ਜਿਵੇਂ ਕਿ General Details, Results, Service Record ਮਿਤੀ 06.10.2025 ਤੋਂ 12.10.2025 ਤੱਕ epunjabschoolportal ਤੇ ਆਪਣੇ employee login Id ਤੇ login ਕਰਕੇ ਭਰ ਸਕਦੇ ਸਨ। **ਇਸ ਵਿੱਚ ਮਿਤੀ 17.10.2025 ਤੱਕ ਵਾਧਾ ਕੀਤਾ ਜਾਂਦਾ ਹੈ।** ਵੇਰਵੇ ਕੇਵਲ Online ਹੀ ਭਰੇ ਜਾ ਸਕਦੇ ਹਨ।

3.0 ਉਕਤ ਅਨੁਸਾਰ ਅਪਲਾਈ ਕਰਨ ਸਮੇਂ ਅਧਿਆਪਕ/ ਕੰਪਿਊਟਰ ਫੈਕਲਟੀ/ਨਾਨ ਟੀਚਿੰਗ ਆਪਣੀ Category ਸਬੰਧੀ ਦਸਤਾਵੇਜ ਨਾਲ ਨੱਥੀ ਕਰਨਗੇ। ਦਸਤਾਵੇਜ ਨੱਥੀ ਨਾ ਕਰਨ ਦੀ ਸੂਰਤ ਵਿੱਚ ਉਨ੍ਹਾਂ ਦੀ ਬੇਨਤੀ ਨੂੰ ਵਿਚਾਰਿਆ ਨਹੀਂ ਜਾਵੇਗਾ। Exempted Category ਦੇ ਸਰਟੀਫਿਕੇਟ/ਦਸਤਾਵੇਜ ਧਿਆਨਪੂਰਵਕ ਅਪਲੋਡ ਕੀਤੇ ਜਾਣ ਅਤੇ ਸਰਟੀਫਿਕੇਟ ਅਪਲੋਡ ਕਰਨ ਤੋਂ ਬਾਅਦ ਇੱਕ ਵਾਰ ਡਾਊਨਲੋਡ ਕਰਕੇ ਚੈੱਕ ਕੀਤਾ ਜਾਵੇ, ਜੇਕਰ ਸਰਟੀਫਿਕੇਟ ਡਾਊਨਲੋਡ ਨਹੀਂ ਹੁੰਦਾ ਤਾਂ ਦੂਜੀ ਵਾਰ ਸਹੀ ਤਰੀਕੇ ਨਾਲ ਸਰਟੀਫਿਕੇਟ/ਦਸਤਾਵੇਜ ਅਪਲੋਡ ਕੀਤਾ ਜਾਵੇ। ਇਸ ਸਬੰਧੀ ਬਦਲੀ ਲਈ ਬੇਨਤੀਆਂ ਕੇਵਲ Online ਹੀ ਵਿਚਾਰੀਆਂ ਜਾਣਗੀਆਂ, ਆਫਲਾਈਨ ਵਿਧੀ ਰਾਹੀਂ ਪ੍ਰਾਪਤ ਪ੍ਰਤੀਬੇਨਤੀਆਂ ਤੇ ਕੋਈ ਵਿਚਾਰ ਨਹੀਂ ਕੀਤਾ ਜਾਵੇਗਾ।

4.0 ਦਰਖਾਸਤ ਕਰਤਾਵਾਂ ਵਲੋਂ ਆਪਣੀ ਪ੍ਰਤੀਬੇਨਤੀਆਂ ਸਬੰਧੀ ਵੱਖ-ਵੱਖ Modules ਭਰੇ ਜਾਣੇ ਹਨ, ਜੋ ਕਿ ਹੇਠ ਲਿਖੇ ਅਨੁਸਾਰ ਹਨ:

(iv) Update General Details

(v) Update Results

(vi) Update Service Record

ਉਪਰੋਕਤ modules ਵਿੱਚ ਮੁਕੰਮਲ ਵੇਰਵੇ ਭਰਨ ਉਪਰੰਤ Approve Data ਦਾ Button ਕਲਿਕ ਕੀਤਾ ਜਾਣਾ ਹੈ।

5.0 ਅਧਿਆਪਕ/ ਕੰਪਿਊਟਰ ਫੈਕਲਟੀ/ਨਾਨ ਟੀਚਿੰਗ ਜਿਨ੍ਹਾਂ ਨੇ ਵੱਖ-ਵੱਖ ਜੋਨਾਂ ਵਿੱਚ ਸੇਵਾ ਕੀਤੀ ਹੈ ਉਹ ਡਾਟਾ Approve ਕਰਨ ਤੋਂ ਪਹਿਲਾਂ ਇਸ ਗੱਲ ਦਾ ਵਿਸ਼ੇਸ਼ ਧਿਆਨ ਰੱਖਣ ਕਿ ਉਨ੍ਹਾਂ ਵੱਲੋਂ ਵੱਖ-ਵੱਖ ਜੋਨਾਂ ਵਿੱਚ ਕੀਤੀ ਸੇਵਾ ਅਤੇ ਸਿੱਖਿਆ ਵਿਭਾਗ ਵਿੱਚ ਕੀਤੀ ਗਈ ਕੁੱਲ ਸੇਵਾ ਦੇ ਸਮੇਂ ਵਿੱਚ ਅੰਤਰ ਨਹੀਂ ਹੋਣਾ ਚਾਹੀਦਾ। ਜੇਕਰ ਕਿਸੇ ਕਾਰਨ ਅੰਤਰ ਹੈ ਤਾਂ ਉਹ ਇਸ ਸਬੰਧੀ Remarks ਦੇਣਗੇ । Remarks ਵਿੱਚ ਠੋਸ ਕਾਰਨ ਨਾ ਹੋਣ ਦੀ ਸੂਰਤ ਵਿੱਚ ਸਬੰਧਤ ਨੂੰ ਬਦਲੀ ਲਈ ਨਹੀਂ ਵਿਚਾਰਿਆ ਜਾਵੇਗਾ।

6.0 ਬਦਲੀ ਸਬੰਧੀ ਦਰਖਾਸਤਾ ਵਿੱਚ ਭਰੇ ਗਏ ਡਾਟਾ ਨੂੰ Approve Data ਦਾ ਬਟਨ ਕਲਿੱਕ ਕਰਨ ਤੋਂ ਬਾਅਦ ਵੀ ਅੰਤਿਮ ਮਿਤੀ 17.10.2025 ਤੱਕ Data Editting ਜਿੰਨੀ ਵਾਰ ਮਰਜੀ ਕੀਤੀ ਜਾ ਸਕੇਗੀ। ਪਰੰਤੂ ਅੰਤਿਮ ਮਿਤੀ ਉਪਰੰਤ ਡਾਟਾ ਵਿੱਚ ਕੋਈ ਤਬਦੀਲੀ ਨਹੀਂ ਹੋ ਸਕੇਗੀ।

7.0 ਅਧੂਰੇ ਜਾਂ ਗਲਤ ਵੇਰਵੇ ਪਾਏ ਜਾਣ ਤੇ ਸਬੰਧਤ ਦੀ ਬਦਲੀ ਦੀ ਬੇਨਤੀ ਤੇ ਵਿਚਾਰ ਨਹੀਂ ਕੀਤਾ ਜਾਵੇਗਾ। Station Choice ਲੈਣ ਲਈ ਵੱਖਰੇ ਤੌਰ ਤੇ ਜਨਤਕ ਸੂਚਨਾਂ ਜਾਰੀ ਕੀਤੀ ਜਾਵੇਗੀ।

8.0 ਬਦਲੀਆਂ ਲਈ ਸਾਲ 2023-24 ਦੀ ACR ਵਿਚਾਰੀ ਜਾਵੇਗੀ।ਜੇਕਰ ਕਿਸੇ ਖਾਸ ਕਾਰਨ ਕਰਕੇ ਸਾਲ 2023-24 ਦੀ ACR ਨਹੀਂ ਲਿਖੀ ਗਈ ਤਾਂ ਉਸ ਤੋਂ ਪਿਛਲੇ ਸਾਲ ਦੀ ACR ਦੇ ਨੰਬਰ ਭਰੇ ਜਾਣ।

9.0 ਜੇਕਰ ਕਿਸੇ ਅਧਿਆਪਕ/ ਕੰਪਿਊਟਰ ਫੈਕਲਟੀ/ ਨਾਨ ਟੀਚਿੰਗ ਨੂੰ ਬਦਲੀ ਲਈ ਆਨ ਲਾਇਨ ਬੇਨਤੀ ਕਰਨ ਵਿੱਚ ਦਿਕੱਤ ਪੇਸ਼ ਆਉਂਦੀ ਹੈ ਤਾਂ ਉਹ ਜਿਲਾ ਐਮ.ਆਈ.ਐਸ ਕੋਆਰਡੀਨੇਟਰ ਦੀ ਮਦਦ ਲੈ ਸਕਦਾ ਹੈ, ਜਿਨ੍ਹਾਂ ਦੀ ਫੋਨ ਨੰਬਰਾਂ ਦੀ ਸੂਚੀ epunjabschool portal ਤੇ ਉਪਲਬਧ ਹੈ।

13.10.25

ਸਹਾਇਕ ਡਾਇਰੈਕਟਰ (ਟਰਾਂਸਫਰ ਸੈੱਲ)